ਆਸਾ ਸੇਖ ਫਰੀਦ ਜੀਉ ਕੀ ਬਾਣੀ ੴ ਸਤਿਗੁਰ ਪ੍ਰਸਾਦਿ ॥ ਦਿਲਹੁ ਮੁਹਬਤਿ ਜਿੰਨ੍ਹ ਸੇਈ ਸਚਿਆ ॥ ਜਿਨ੍ਹ ਮਨਿ ਹੋਰੁ ਮੁਖਿ ਹੋਰੁ ਸਿ ਕਾਂਢੇ ਕਚਿਆ ॥੧॥ ਰਤੇ ਇਸਕ ਖੁਦਾਇ ਰੰਗਿ ਦੀਦਾਰ ਕੇ ॥ ਵਿਸਰਿਆ ਜਿਨ੍ਹ ਨਾਮੁ ਤੇ ਭੁਇ ਭਾਰੁ ਥੀਏ ॥੧॥ ਰਹਾਉ ॥ ਆਪਿ ਲੀਏ ਲੜਿ ਲਾਇ ਦਰਿ ਦਰਵੇਸ ਸੇ ॥ ਤਿਨ ਧੰਨੁ ਜਣੇਦੀ ਮਾਉ ਆਏ ਸਫਲੁ ਸੇ ॥੨॥ ਪਰਵਦਗਾਰ ਅਪਾਰ ਅਗਮ ਬੇਅੰਤ ਤੂ ॥ ਜਿਨਾ ਪਛਾਤਾ ਸਚੁ ਚੁੰਮਾ ਪੈਰ ਮੂੰ ॥੩॥ ਤੇਰੀ ਪਨਹ ਖੁਦਾਇ ਤੂ ਬਖਸੰਦਗੀ ॥ ਸੇਖ ਫਰੀਦੈ ਖੈਰੁ ਦੀਜੈ ਬੰਦਗੀ ॥੪॥੧॥ {ਪੰਨਾ 488}

ਪਦਅਰਥ:- ਜਿਨ੍ਹ ਮੁਹਬਤਿ—ਜਿਨ੍ਹਾਂ ਦੀ ਮੁਹੱਬਤਿ। ਸਚਿਆ—ਸੱਚੇ ਆਸ਼ਕ, ਸੱਚੀ ਮੁਹੱਬਤਿ ਕਰਨ ਵਾਲੇ। ਸੇਈ—ਉਹੀ ਬੰਦੇ। ਜਿਨ੍ਹ ਮਨਿ—ਜਿਨ੍ਹਾਂ ਦੇ ਮਨ ਵਿਚ। ਮੁਖਿ—ਮੂੰਹ ਵਿਚ। ਕਾਂਢੇ—ਕਹੇ ਜਾਂਦੇ ਹਨ। ਕਚਿਆ—ਕੱਚੀ ਪ੍ਰੀਤ ਵਾਲੇ।1।

ਰਤੇ—ਰੱਤੇ, ਰੰਗੇ ਹੋਏ। ਇਸਕ—ਮੁਹੱਬਤਿ, ਪਿਆਰ। ਰੰਗਿ—ਰੰਗ ਵਿਚ। ਭੁਇ—ਧਰਤੀ ਉੱਤੇ। ਥੀਏ—ਹੋ ਗਏ ਹਨ।1। ਰਹਾਉ।

ਲੜਿ—ਲੜ ਨਾਲ, ਪੱਲੇ ਨਾਲ। ਦਰਿ—(ਪ੍ਰਭੂ ਦੇ) ਦਰ ਤੇ। ਸੇ—ਉਹੀ ਬੰਦੇ। ਜਣੇਦੀ—ਜੰਮਣ ਵਾਲੀ। ਧੰਨੁ—ਭਾਗਾਂ ਵਾਲੀ। ਮਾਉ—ਮਾਂ।2।

ਪਰਵਦਗਾਰ—ਹੇ ਪਾਲਣਹਾਰ! ਅਗਮ—ਹੇ ਅਪਹੁੰਚ! ਤੂ—ਤੈਨੂੰ। ਸਚੁ—ਸਦਾ-ਥਿਰ ਰਹਿਣ ਵਾਲੇ ਨੂੰ। ਮੂੰ—ਮੈਂ।3।

ਪਨਹ—ਓਟ, ਪਨਾਹ। ਖੁਦਾਇ—ਹੇ ਖ਼ੁਦਾ! ਹੇ ਪ੍ਰਭੂ! ਬਖਸੰਦਗੀ—ਬਖ਼ਸ਼ਣ ਵਾਲਾ। ਫਰੀਦੈ—ਫ਼ਰੀਦ ਨੂੰ।4।

ਅਰਥ:- ਜੋ ਮਨੁੱਖ ਰੱਬ ਦੇ ਪਿਆਰ ਵਿਚ ਰੱਤੇ ਹੋਏ ਹਨ, ਜੋ ਮਨੁੱਖ ਰੱਬ ਦੇ ਦੀਦਾਰ ਵਿਚ ਰੰਗੇ ਹੋਏ ਹਨ, (ਉਹੀ ਅਸਲ ਮਨੁੱਖ ਹਨ); ਪਰ ਜਿਨ੍ਹਾਂ ਨੂੰ ਰੱਬ ਦਾ ਨਾਮ ਭੁੱਲ ਗਿਆ ਹੈ ਉਹ ਮਨੁੱਖ ਧਰਤੀ ਉੱਤੇ ਨਿਰਾ ਭਾਰ ਹੀ ਹਨ।1। ਰਹਾਉ।

ਜਿਨ੍ਹਾਂ ਮਨੁੱਖਾਂ ਦਾ ਰੱਬ ਨਾਲ ਦਿਲੋਂ ਪਿਆਰ ਹੈ, ਉਹੀ ਸੱਚੇ ਆਸ਼ਕ ਹਨ; ਪਰ ਜਿਨ੍ਹਾਂ ਦੇ ਮਨ ਵਿਚ ਹੋਰ ਹੈ ਤੇ ਮੂੰਹੋਂ ਕੁਝ ਹੋਰ ਆਖਦੇ ਹਨ ਉਹ ਕੱਚੇ (ਆਸ਼ਕ) ਆਖੇ ਜਾਂਦੇ ਹਨ।1।

ਉਹੀ ਮਨੁੱਖ (ਰੱਬ ਦੇ) ਦਰਵਾਜ਼ੇ ਹਨ (ਉਹੀ ਮਨੁੱਖ ਰੱਬ ਦੇ ਦਰ ਤੋਂ ਇਸ਼ਕ ਦਾ ਖੈਰ ਮੰਗ ਸਕਦੇ

ਹਨ) ਜਿਨ੍ਹਾਂ ਨੂੰ ਰੱਬ ਨੇ ਆਪ ਆਪਣੇ ਲੜ ਲਾਇਆ ਹੈ, ਉਹਨਾਂ ਦੀ ਜੰਮਣ ਵਾਲੀ ਮਾਂ ਭਾਗਾਂ ਵਾਲੀ ਹੈ, ਉਹਨਾਂ ਦਾ (ਜਗਤ ਵਿਚ) ਆਉਣਾ ਮੁਬਾਰਕ ਹੈ।2।

ਹੇ ਪਾਲਣਹਾਰ! ਹੇ ਬੇਅੰਤ! ਹੇ ਅਪਹੁੰਚ! ਜਿਨ੍ਹਾਂ ਨੇ ਇਹ ਸਮਝ ਲਿਆ ਹੈ ਕਿ ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਮੈਂ ਉਹਨਾਂ ਦੇ ਪੈਰ ਚੁੰਮਦਾ ਹਾਂ।3।

ਹੇ ਖ਼ੁਦਾ! ਮੈਨੂੰ ਤੇਰਾ ਹੀ ਆਸਰਾ ਹੈ, ਤੂੰ ਬਖ਼ਸ਼ਣ ਵਾਲਾ ਹੈਂ; ਮੈਨੂੰ ਸੇਖ਼ ਫ਼ਰੀਦ ਨੂੰ ਆਪਣੀ ਬੰਦਗੀ ਦਾ ਖ਼ੈਰ ਪਾ।4।1।